ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰੋਹਿਤ ਸਭਰਵਾਲ,
ਪ੍ਰਧਾਨ ਕੌਂਸਿਲ ਆਫ
ਆਰ.ਟੀ.ਆਈ. ਐਕਵੀਵਿਸਟ,
ਕੁੰਦਨ ਭਵਨ, 126 ਮਾਡਲ ਗ੍ਰਾਮ,
ਲੁਧਿਆਣਾ। .......ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
(ਸਥਾਨਕ ਸਰਕਾਰ-2 ਸ਼ਾਖਾ)
ਮਿਊਂਸਿਪਲ ਭਵਨ, ਪਲਾਟ ਨੰ:3,
ਸੈਕਟਰ 35-ਏ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
(ਸਥਾਨਕ ਸਰਕਾਰ-2 ਸ਼ਾਖਾ)
ਮਿਊਂਸਿਪਲ ਭਵਨ, ਪਲਾਟ ਨੰ:3,
ਸੈਕਟਰ 35-ਏ, ਚੰਡੀਗੜ੍ਹ। ........ ਉੱਤਰਦਾਤਾ

## ਅਪੀਲ ਕੇਸ ਨੰ:2788 ਆਫ਼ 2018

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜ਼ਸਬੀਰ ਸਿੰਘ, ਸੁਪਰਡੰਟ-ਕਮ-(ਲੋਕ ਸੂਚਨਾ ਅਧਿਕਾਰੀ) (98551-37953) ਅਤੇ ਸ਼੍ਰੀ ਹਰਮੀਤ ਸਿੰਘ, ਇੰਸਪੈਕਟਰ, ਨਗਰ ਸੁਧਾਰ ਟਰੱਸਟ, ਲੁਧਿਆਣਾ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-05-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੇ ਬਿਨੈ-ਪੱਤਰ ਨਾਲ ਭੇਜੇ ਗਏ ਚੌਕਸੀ ਵਿਭਾਗ ਦੇ ਪੱਤਰ, ਮਿਤੀ 21-02-2018 ਵਿੱਚ ਦਰਸਾਏ ਗਏ ਹਵਾਲਿਆਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-09-2018 ਨੂੰ ਪਹਿਲੀ ਸੁਣਵਾਈ ਮਿਤੀ 22-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਦੇ ਅਧਿਕਾਰਿਤ ਨੁਮਾਇੰਦੇ ਸ਼੍ਰੀਮਤੀ ਸੁਖਜਿੰਦਰ ਕੌਰ, ਐਡਵੋਕੇਟ ਵੱਲੋਂ ਈ.ਮੇਲ, ਮਿਤੀ 28-01-2019 ਰਾਹੀਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਨਿਰਧਾਰਿਤ ਸਮੇਂ ਅੰਦਰ ਸੂਚਨਾ ਮੁਹੱਈਆ ਨਾ ਕਰਾਉਣ ਕਰਕੇ ਉਸ ਵੱਲੋਂ ਉੱਤਰਦਾਤਾ ਵਿੱਰੁਧ ਕਾਰਨ-ਦੱਸੋ ਨੋਟਿਸ ਜਾਰੀ ਕਰਨ ਦੀ ਬੇਨਤੀ ਵੀ ਕੀਤੀ ਗਈ ਹੈ।

3. ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਜ਼ਸਬੀਰ ਸਿੰਘ, ਸੁਪਰਡੰਟ-ਕਮ-(ਲੋਕ ਸੂਚਨਾ ਅਧਿਕਾਰੀ) ਨੇ ਪੱਤਰ ਨੰ:10/32/2017(12)-3ਸਸ2/1407115/1, ਮਿਤੀ 30-01-2019, ਜਿਸ ਦੀ ਇੱਕ ਕਾਪੀ ਅਪੀਲਕਰਤਾ

ਚਲਦਾ---ਪੰਨਾ/2

ਨੂੰ ਵੀ ਭੇਜੀ ਹੋਈ ਹੈ, ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਇਸ ਕੇਸ ਸਬੰਧੀ ਰਿਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਲੁਧਿਆਣਾ ਕੋਲ ਪੜਤਾਲ ਚੱਲ ਰਹੀ ਹੈ। ਇਸ ਸਬੰਧ ਵਿੱਚ ਉਨ੍ਹਾਂ ਵੱਲੋਂ ਆਪਣੇ ਪੱਤਰ, ਮਿਤੀ 05-04-2017, 01-12-2017, 25-05-2018, 18-07-2018, 20-09-2018, 04-10-2018 ਅਤੇ 18-10-2018 ਰਾਹੀਂ ਯਾਦ-ਪੱਤਰ ਜਾਰੀ ਕੀਤੇ ਗਏ ਹਨ ਅਤੇ ਬਿਨੈਕਾਰ ਨੂੰ ਵੀ ਸਮੇਂ-ਸਮੇਂ ਤੇ ਸੂਚਿਤ ਕੀਤਾ ਜਾਂਦਾ ਰਿਹਾ ਹੈ। ਨਗਰ ਸੁਧਾਰ ਟਰੱਸਟ, ਲੁਧਿਆਣਾ ਵੱਲੋਂ ਆਪਣੇ ਪੱਤਰ ਨੰ:ਲਟ/733, ਮਿਤੀ 08-05-2017 ਅਤੇ ਪੱਤਰ ਨੰ:ਲਟ/13639, ਮਿਤੀ 22-01-2019 ਰਾਹੀਂ ਪੜਤਾਲ ਰਿਪੋਰਟ ਪਹਿਲਾਂ ਹੀ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਲੁਧਿਆਣਾ ਜੀ ਨੂੰ ਭੇਜੀ ਹੋਈ ਹੈ। ਇਸ ਤੋਂ ਇਲਾਵਾ ਉੱਤਰਦਾਤਾ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਬਿਨੈਕਾਰ ਵੱਲੋਂ ਇੱਕ ਹੋਰ ਅਪੀਲ ਕੇਸ ਨੰ:2450 ਆਫ 2018 ਦਾਇਰ ਕੀਤਾ ਹੋਇਆ ਹੈ ਜ਼ੋ ਕਿ ਇਸੇ ਕੇਸ ਵਿੱਚ ਮੰਗੀ ਗਈ ਸੂਚਨਾ ਨਾਲ ਸਬੰਧ ਰੱਖਦਾ ਹੈ ਅਤੇ ਮਾਨਯੋਗ ਸ਼੍ਰੀ ਅਵਤਾਰ ਸਿੰਘ ਕਲੇਰ, ਰਾਜ ਸੂਚਨਾ ਕਮਿਸ਼ਨਰ ਜੀ ਪਾਸ ਮਿਤੀ 26-02-2019 ਲਈ ਲੰਬਿਤ ਹੈ।ਇਸ ਤਰ੍ਹਾਂ ਲੋਕ ਸੂਚਨਾ ਅਧਿਕਾਰੀ ਵੱਲੋਂ ਕਿਹਾ ਗਿਆ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਬੇਨਤੀ ਕੀਤੀ ਗਈ ਹੈ ਕਿ ਇਹ ਅਪੀਲ ਕੇਸ ਖਾਰਜ ਕੀਤਾ ਜਾਵੇ।

2. ਅਪੀਲਕਰਤਾ ਦੇ ਅਪੀਲ ਕੇਸ ਨੰ:2450 ਆਫ 2018 ਜ਼ੋ ਕਿ ਸ਼੍ਰੀ ਅਵਤਾਰ ਸਿੰਘ ਕਲੇਰ, ਰਾਜ ਸੂਚਨਾ ਕਮਿਸ਼ਨਰ ਜੀ ਪਾਸ ਮਿਤੀ 26-02-2019 ਲਈ ਲੰਬਿਤ ਹੈ, ਦਾ ਇਸ ਬੈਂਚ ਨਾਲ ਕੋਈ ਸਬੰਧ ਨਹੀਂ ਹੈ। ਹਥਲੇ ਅਪੀਲ ਕੇਸ ਵਿੱਚ ਅਪੀਲਕਰਤਾ ਵਲੋਂ ਪੇਸ਼ ਕੀਤੀ ਗਈ ਆਰ.ਟੀ.ਆਈ., ਮਿਤੀ 14-05-2018 ਨੂੰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਪੇਸ਼ ਕੀਤੇ ਗਏ ਜਵਾਬ, ਮਿਤੀ 30-01-2019 ਅਤੇ ਸੂਚਨਾ ਦਾ ਅਧਿਕਾਰ ਐਕਟ,2005 ਦੇ ਉਪਬੰਧਾਂ ਤਹਿਤ ਡੂੰਘਾਈ ਨਾਲ ਘੋਖਣ ਉਪਰੰਤ ਇਹ ਪਾਇਆ ਗਿਆ ਹੈ ਕਿ ਉੱਤਰਦਾਤਾ ਵੱਲੋਂ ਨਗਰ ਸੁਧਾਰ ਟਰੱਸਟ, ਲੁਧਿਆਣਾ ਕੋਲੋਂ ਪ੍ਰਾਪਤ ਹੋਏ ਪੱਤਰ ਨੰ:ਲਟ/733, ਮਿਤੀ 08-05-2017 ਦੀ ਕਾਪੀ ਆਪਣੇ ਪੱਤਰ ਨੰ:10/32/2017(12)-3ਸਸ2/1407115/1, ਮਿਤੀ 30-01-2019 ਰਾਹੀਂ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ। ਇਸ ਪੱਤਰ ਨੂੰ ਵਾਚਣ ਤੋਂ ਪਤਾ ਚਲਦਾ ਹੈ ਕਿ ਇਸ ਪੱਤਰ ਰਾਹੀਂ ਵਿਜੀਲੈਂਸ ਇੰਨਕੁਆਰੀ ਨੰ:5, ਮਿਤੀ ਲੁਧਿਆਣਾ ਵਿਰੁੱਧ ਅਧਿਕਾਰੀ/ਕਰਮਚਾਰੀ, ਇੰਪਰੂਵਮੈਂਟ ਟਰੱਸਟ ਲੁਧਿਆਣਾ ਅਤੇ ਮਿਊਸਿਪਲ ਕਾਰਪੋਸ਼ਨ, ਲੁਧਿਆਣਾ ਸਬੰਧੀ ਕਾਰਜ ਸਾਧਕ ਅਫਸਰ, ਨਗਰ ਸੁਧਾਰ ਟਰੱਸਟ, ਲੁਧਿਆਣਾ ਵੱਲੋਂ ਕਾਰਵਾਈ ਕਰਕੇ ਡਿਪਟੀ ਡਾਇਰੈਕਟਰ, ਅਰਬਨ ਲੋਕਲ ਬਾਡੀਜ਼, ਲਧਿਆਣਾ ਨੂੰ ਕੀਤਾ ਗਿਆ ਸੀ ਜਿਸ ਬਾਰੇ ਅਪੀਲਕਰਤਾ ਨੂੰ ਹੁਣ ਸੂਚਿਤ ਕੀਤਾ ਜਾ ਚੁੱਕਾ ਹੈ। ਅਪੀਲਕਰਤਾ ਵੱਲੋਂ ਆਪਣੀ ਆਰ.ਟੀ.ਆਈ., ਮਿਤੀ 14-05-2018 ਰਾਹੀਂ ਵੀ ਇਸ ਇੰਨਕੁਆਰੀ ਬਾਰੇ ਸੂਚਨਾ ਮੰਗੀ ਗਈ ਸੀ। ਸੂਚਨਾ ਦਾ ਅਧਿਕਾਰ ਐਕਟ,2005 ਦੇ ਉਪਬੰਧਾਂ ਮੁਤਾਬਿਕ ਕਿਸੇ ਵੀ ਬਿਨੈਕਾਰ ਵੱਲੋਂ ਆਰ.ਟੀ.ਆਈ. ਦਾਇਰ ਕਰਨ ਸਮੇਂ ਲੋਕ ਸੂਚਨਾ ਅਧਿਕਾਰੀ ਕੋਲ ਮੌਜੂਦ/ਉਪਲਬਧ ਸੂਚਨਾ ਹੀ ਬਿਨੈਕਾਰ ਨੂੰ ਮਹੱਈਆ ਕਰਾਉਣੀ ਬਣਦੀ ਹੈ ਅਤੇ ਕੋਈ ਸੂਚਨਾ ਤਿਆਰ ਕਰਕੇ ਜਾਂ ਉਤਪੰਨ (Generate) ਕਰਕੇ ਦੇਣੀ ਨਹੀਂ ਬਣਦੀ। ਇਸ ਤਰ੍ਹਾਂ ਹਥਲੇ ਕੇਸ ਵਿੱਚ ਲੋਕ ਸੂਚਨਾ ਅਧਿਕਾਰੀ ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਨਾਲ ਅਪੀਲਕਰਤਾ ਦੀ ਆਰ.ਟੀ.ਆਈ. ਦੀ ਭਰਪਾਈ ਹੋ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ ਪਰੰਤੂ ਕਮਿਸ਼ਨ ਵੱਲੋਂ ਇਹ ਵੀ ਪਾਇਆ ਗਿਆ ਹੈ ਅਪੀਲਕਰਤਾ ਨੂੰ ਸੂਚਨਾ ਕਮਿਸ਼ਨ ਵੱਲੋਂ ਕਾਰਵਾਈ ਕਰਨ ਉਪਰੰਤ ਦੇਰੀ ਨਾਲ ਦਿੱਤੀ ਗਈ ਹੈ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਭਵਿੱਖ ਵਿੱਚ ਸੂਚਨਾ ਦਾ ਅਧਿਕਾਰ ਐਕਟ,2005 ਨਾਲ ਸਬੰਧਤ ਮਾਮਲਿਆਂ ਨੂੰ ਨਿਰਧਾਰਿਤ ਸਮੇਂ ਅੰਦਰ ਨਿਪਟਾਉਣ ਲਈ ਸਖਤ ਹਦਾਇਤ ਕੀਤੀ ਜਾਂਦੀ ਹੈ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 30 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਵਿਪਨ ਗਰੋਵਰ (ਜਰਨਲਿਸਟ), (98770-86735)
ਪਿੰਡ ਫਤਿਹਗੜ੍ਹ ਪੰਜਤੂਰ,
ਮੋਗਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਧਰਮਕੋਟ ਐਟ ਕੋਟ ਈਸੇ ਖਾਂ,
ਮੋਗਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਮੋਗਾ। ....... ਉੱਤਰਦਾਤਾ

**ਅਪੀਲ ਕੇਸ ਨੰ:4064 ਆਫ਼ 2018**

**ਹਾਜ਼ਰ:-**

1) ਸ਼੍ਰੀ ਵਿਪਨ ਗਰੋਵਰ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹੇਠ ਲਿਖੇ ਕਰਮਚਾਰੀ ਹਾਜ਼ਰ ਹੋਏ:-
   (1) ਸ਼੍ਰੀ ਕਮਲਜੀਤ ਸਿੰਘ, ਪੰਚਾਇਤ ਸਕੱਤਰ (87289-89500);
   (2) ਸ਼੍ਰੀ ਮਲਕੀਤ ਸਿੰਘ, ਵੀ.ਡੀ.ਓ. (88728-00152);
   (3) ਸ਼੍ਰੀ ਪ੍ਰਿਥੀਪਾਲ ਸਿੰਘ, ਪੰਚਾਇਤ ਸਕੱਤਰ (98724-00996);
   (4) ਸ਼੍ਰੀ ਮਨਜੀਤ ਸਿੰਘ, ਪੰਚਾਇਤ ਸਕੱਤਰ (99881-22620);
   (5) ਸ਼੍ਰੀ ਸੁੱਚਾ ਸਿੰਘ, ਪੰਚਾਇਤ ਸਕੱਤਰ (9872487109);
   (6) ਸ਼੍ਰੀ ਰਵਿੰਦਰਜੀਤ ਸਿੰਘ, ਵੀ.ਡੀ.ਓ. (88727-21132);
   (7) ਸ਼੍ਰੀ ਗੁਰਪ੍ਰੀਤ ਸਿੰਘ, ਪੰਚਾਇਤ ਸਕੱਤਰ (99141-81161);
   (8) ਸ਼੍ਰੀ ਪਰਮਿੰਦਰ ਸਿੰਘ ਪੰਚਾਇਤ ਸਕੱਤਰ (94654-12006);
   (9) ਸ਼੍ਰੀ ਭੁਪਿੰਦਰ ਸਿੰਘ ਪੰਚਾਇਤ ਸਕੱਤਰ (98724-38009); ਅਤੇ
   (10) ਸ਼੍ਰੀ ਭੁਪਿੰਦਰ ਸਿੰਘ, ਵੀ.ਡੀ.ਓ. (82830-47245)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-08-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਧਰਮਕੋਟ ਐਟ ਕੋਟ ਈਸੇ ਖਾਂ, ਮੋਗਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਕੋਟ ਈਸੇ ਖਾਂ ਵਿਖੇ ਤੈਨਾਤ ਪੰਚਾਇਤ ਸਕੱਤਰ, ਸ਼੍ਰੀ ਦਲਜੀਤ ਸਿੰਘ ਬਾਰੇ 01-04-2016 ਤੋਂ ਲੈ ਕੇ 15-01-2018 ਤੱਕ ਦੇ ਸਮੇਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ।ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਆਰ.ਟੀ.ਆਈ. ਰਾਹੀਂ ਸਪੈਸਫਿਕ ਤੌਰ

ਚਲਦਾ---ਪੰਨਾ/2

ਤੇ ਸੂਚਨਾ ਨਹੀਂ ਮੰਗੀ ਗਈ ਜਿਸ ਕਰਕੇ ਮੰਗੀ ਗਈ ਸੂਚਨਾ ਦਿੱਤੀ ਨਹੀਂ ਜਾ ਸਕਦੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਸ਼੍ਰੀ ਦਲਜੀਤ ਸਿੰਘ ਦੀ ਇਸ ਬਲਾਕ ਵਿੱਚ ਕਿੱਥੇ-ਕਿੱਥੇ, ਕਿੰਨਾ-ਕਿੰਨਾ ਚਿਰ ਨਿਯੁਕਤੀ ਰਹੀ ਹੈ, ਉਸ ਬਾਰੇ ਦੱਸ ਦਿੱਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 26-02-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 30 ਜਨਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਵਿਪਨ ਗਰੋਵਰ (ਜਰਨਲਿਸਟ), (98770-86735)
ਪਿੰਡ ਫੱਤਿਹਗੜ੍ਹ ਪੰਜਤੂਰ,
ਮੋਗਾ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਮੱਖੂ,ਜ਼ਿਲ੍ਹਾ ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਫਿਰੋਜ਼ਪੁਰ। ....... ਉੱਤਰਦਾਤਾ

**ਅਪੀਲ ਕੇਸ ਨੰ:4066 ਆਫ਼ 2018**

**ਹਾਜ਼ਰ:-**

1) ਸ਼੍ਰੀ ਵਿਪਨ ਗਰੋਵਰ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-08-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮੱਖੂ, ਜ਼ਿਲ੍ਹਾ ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਬਲਾਕ ਮੱਖੂ ਤਹਿਤ ਆਉਂਦੇ ਪਿੰਡ ਬੱਲ ਦੀ ਗ੍ਰਾਮ ਪੰਚਾਇਤ ਵੱਲੋਂ ਪੰਚਾਇਤ ਦੇ ਰਿਕਾਰਡ ਮੁਤਾਬਿਕ ਮਿਤੀ 26-07-2017 ਨੂੰ ਜਾਗਰਣ ਪ੍ਰਕਾਸ਼ਨ ਨੂੰ 5000/-ਰੁਪਏ ਦੀ ਇਸ਼ਤਿਹਾਰ ਦੇ ਰੂਪ ਵਿਚ ਕੀਤੀ ਗਈ ਅਦਾਇਗੀ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ।ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਕੋਈ ਸੂਚਨਾ ਹੀ ਭੇਜੀ ਗਈ ਹੈ ਜਦੋਂ ਕਿ ਪਹਿਲੀ ਅਪੀਲੀ ਅਥਾਰਟੀ ਵੱਲੋਂ ਆਪਣੇ ਪੱਤਰ ਨੰ:32-33 ਰਾਹੀਂ ਉਨ੍ਹਾਂ ਨੂੰ ਪੇਸ਼ੀ ਤੇ ਹਾਜ਼ਰ ਹੋਣ ਦੀ ਹਦਾਇਤ ਵੀ ਕੀਤੀ ਗਈ ਸੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 26-02-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 30 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਰਾਜੀਵ ਕੁਮਾਰ, (98779-45422)
ਪੁੱਤਰ ਸ਼੍ਰੀ ਪਿਆਰਾ ਸਿੰਘ,
ਵਾਸੀ ਪਿੰਡ ਤੇ ਡਾਕਖਾਨਾ, ਮਹਿਲਾਂਵਾਲੀ,
ਜ਼ਿਲ੍ਹਾ ਹੁਸ਼ਿਆਰਪੁਰ। .......ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ-2, ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ,
ਹੁਸ਼ਿਆਰਪੁਰ। ....... ਉੱਤਰਦਾਤਾ

**ਅਪੀਲ ਕੇਸ ਨੰ:4067 ਆਫ਼ 2018**

**ਹਾਜ਼ਰ:-**

1) ਸ਼੍ਰੀ ਰਾਜੀਵ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਵਿੰਦਰ ਸਿੰਘ, ਸੁਪਰਡੰਟ(94636-93152)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-06-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬਲਾਕ-2, ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਗ੍ਰਾਮ ਪੰਚਾਇਤ ਮਹਿਲਾਂਵਾਲੀ ਦੇ ਵਿਕਾਸ ਕੰਮਾਂ ਲਈ ਜੁਲਾਈ, 2013 ਤੋਂ ਮਈ, 2018 ਤੱਕ ਪ੍ਰਾਪਤ ਕੀਤੀਆਂ ਗ੍ਰਾਂਟਾਂ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਖਵਿੰਦਰ ਸਿੰਘ, ਸੁਪਰਡੰਟ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਮਿਤੀ 20-07-2018 ਅਤੇ 23-01-2019 ਨੂੰ ਦੋ ਵਾਰ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਨਹੀਂ ਮਿਲੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਫਿਰ ਸੂਚਨਾ ਦਸਤੀ ਦੇ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 30 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਨਵਦੀਪ ਗੁਪਤਾ, (84275-30819)
ਕੋਠੀ ਨੰ:455, ਗਿਲਕੋ ਵੈਲੀ,
ਖਰੜ, ਜ਼ਿਲ੍ਹਾ ਮੁਹਾਲੀ-140301. .......ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਇੰਨਚਾਰਜ,
ਪੁਲਿਸ ਚੌਕੀ, ਸੰਨੀ ਇਨਕਲੇਵ,
ਖਰੜ, ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ,
(ਰੋਪੜ ਰੇਂਜ) ਰੂਪਨਗਰ। ...... ਉੱਤਰਦਾਤਾ

**ਅਪੀਲ ਕੇਸ ਨੰ:4068 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਵਤਾਰ ਸਿੰਘ, ਏ.ਐਸ.ਆਈ. (80545-45979)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-09-2018, ਲੋਕ ਸੂਚਨਾ ਅਧਿਕਾਰੀ ਦਫਤਰ ਇੰਨਚਾਰਜ, ਪੁਲਿਸ ਚੌਕੀ, ਸੰਨੀ ਇਨਕਲੇਵ, ਖਰੜ, ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਰਾਜਿੰਦਰ ਧਾਰੀਵਾਲ ਵੱਲੋਂ ਕੀਤੀ ਗਈ ਸ਼ਿਕਾਇਤ, ਮਿਤੀ 25-04-2018 ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 09-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਅਵਤਾਰ ਸਿੰਘ, ਏ.ਐਸ.ਆਈ. ਸੂਚਨਾ ਲੈ ਕੇ ਆਇਆ ਹੈ ਪਰੰਤੂ ਉਸ ਤੇ ਕੋਈ ਕਵਰਿੰਗ ਪੱਤਰ ਨਹੀਂ ਲਗਾਇਆ ਗਿਆ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਕਵਰਿੰਗ ਪੱਤਰ ਸਹਿਤ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 27-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ 30 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਨਵਦੀਪ ਗੁਪਤਾ, (84275-30819)
ਕੋਠੀ ਨੰ:455, ਗਿਲਕੋ ਵੈਲੀ,
ਖਰੜ, ਜ਼ਿਲ੍ਹਾ ਮੁਹਾਲੀ-140301. .......ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਇੰਨਚਾਰਜ,
ਪੁਲਿਸ ਚੌਕੀ, ਸੰਨੀ ਇਨਕਲੇਵ,
ਖਰੜ, ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ,
(ਰੋਪੜ ਰੇਂਜ) ਰੂਪਨਗਰ। ...... ਉੱਤਰਦਾਤਾ

**ਅਪੀਲ ਕੇਸ ਨੰ:4069 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਵਤਾਰ ਸਿੰਘ, ਏ.ਐਸ.ਆਈ. (80545-45979)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 16-09-2018, ਲੋਕ ਸੂਚਨਾ ਅਧਿਕਾਰੀ ਦਫਤਰ ਇੰਨਚਾਰਜ, ਪੁਲਿਸ ਚੌਕੀ, ਸੰਨੀ ਇਨਕਲੇਵ, ਖਰੜ, ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੇ ਵਿਰੁੱਧ ਸ਼ਿਕਾਇਤ ਨੰ:1090/ਦਸਤੀ ਮਿਤੀ 25-04-2018 ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 02-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 09-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਅਵਤਾਰ ਸਿੰਘ, ਏ.ਐਸ.ਆਈ. ਸੂਚਨਾ ਲੈ ਕੇ ਆਇਆ ਹੈ ਪਰੰਤੂ ਉਸ ਤੇ ਕੋਈ ਕਵਰਿੰਗ ਪੱਤਰ ਨਹੀਂ ਲਗਾਇਆ ਗਿਆ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਕਵਰਿੰਗ ਪੱਤਰ ਸਹਿਤ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 27-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ 30 ਜਨਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਨੱਥੂ ਰਾਮ, (94638-22000)
ਪੁੱਤਰ ਸ਼੍ਰੀ ਮਹਾਂਵੀਰ ਸਿਹਾਗ,
ਵਾਸੀ ਪਿੰਡ ਤਾਜਾ ਪੱਟੀ,
ਤਹਿਸੀਲ ਅਬੋਹਰ,
ਜ਼ਿਲ੍ਹਾ ਫਾਜ਼ਿਲਕਾ। .......ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ-ਕਮ-
ਡਿਪਟੀ ਡਾਇਰੈਕਟਰ, ਪੇਂਡੂ ਵਿਕਾਸ ਤੇ
ਪੰਚਾਇਤ ਵਿਭਾਗ, ਪੰਜਾਬ, ਵਿਕਾਸ ਭਵਨ,
ਸੈਕਟਰ-62, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਡਾਇਰੈਕਟਰ, ਪੇਂਡੂ ਵਿਕਾਸ ਤੇ
ਪੰਚਾਇਤ ਵਿਭਾਗ,ਪੰਜਾਬ, ਵਿਕਾਸ ਭਵਨ,
ਸੈਕਟਰ-62, ਮੁਹਾਲੀ। ....... ਉੱਤਰਦਾਤਾ

**ਅਪੀਲ ਕੇਸ ਨੰ:4090 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਬਲਵਿੰਦਰ ਕੌਰ, ਸੁਪਰਡੰਟ (90411-04830) ਅਤੇ ਸ਼੍ਰੀ ਯੋਗਿੰਦਰ ਸ਼ਰਮਾ, ਸੀਨੀਅਰ ਸਹਾਇਕ (94176-32311)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-08-2018, ਲੋਕ ਸੂਚਨਾ ਅਧਿਕਾਰੀ-ਕਮ-ਡਿਪਟੀ ਡਾਇਰੈਕਟਰ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪਿੰਡ ਤਾਜਾ ਪੱਟੀ ਦੇ ਸਾਬਕਾ ਪੰਚਾਇਤ ਸਕੱਤਰ, ਸ਼੍ਰੀ ਰਾਜ ਸਿੰਘ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ।ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਆਪਣੇ ਈ.ਮੇਲ, ਮਿਤੀ 29-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀਮਤੀ ਬਲਵਿੰਦਰ ਕੌਰ, ਸੁਪਰਡੰਟ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਪਿੰਡ ਤਾਜਾ ਪੱਟੀ ਦੇ ਸਾਬਕਾ ਪੰਚਾਇਤ ਸਕੱਤਰ, ਸ਼੍ਰੀ ਰਾਜ ਸਿੰਘ ਨਾਲ ਸਬੰਧਤ ਸੂਚਨਾ ਮੰਗੀ ਗਈ ਹੈ। ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਤੀਜੀ ਧਿਰ ਨਾਲ ਸਬੰਧਤ ਹੋਣ ਕਾਰਨ ਸਬੰਧਤ ਕਰਮਚਾਰੀ ਦੀ ਸਹਿਮਤੀ ਲੈਣੀ ਲਾਜ਼ਮੀ ਹੈ ਪਰੰਤ ਸਬੰਧਤ ਕਰਮਚਾਰੀ ਇਸ ਵੇਲੇ ਸਵਰਗਵਾਸ ਹੋ ਚੁੱਕਿਆ ਹੈ। ਇਸ ਕਰਕੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ, ਸਵਰਗਵਾਸੀ ਕਰਮਚਾਰੀ ਸ਼੍ਰੀ ਰਾਜ ਸਿੰਘ, ਸਾਬਕਾ ਪੰਚਾਇਤ ਸਕੱਤਰ ਦੇ ਨਾਲ ਸਬੰਧਤ ਨਿੱਜੀ ਸੂਚਨਾ ਨੂੰ ਛੱਡ ਕੇ, ਬਾਕੀ ਦੀ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ।ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 30 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਸੰਤੋਸ਼ ਕੁਮਾਰ,
ਪੁੱਤਰ ਸ਼੍ਰੀ ਮਦਨ ਲਾਲ,
ਵਾਸੀ ਵਾਰਡ ਨੰ:2, ਏ/421,
ਓਲਡ ਨਿਊ ਵਾਰਡ ਨੰ:19,
ਜਨਤਾ ਨਗਰ,ਹਾਕਮ ਸੀਟਾਂ ਵਾਲੀ ਗਲੀ,
ਧੂਰੀ, ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਧੂਰੀ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਸੰਗਰੂਰ। ....... ਉੱਤਰਦਾਤਾ

**<u>ਅਪੀਲ ਕੇਸ ਨੰ:4115 ਆਫ਼ 2018</u>**

**<u>ਹਾਜ਼ਰ:-</u>**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਚੰਦਨ ਸਿੰਘ, ਲੇਖਾਕਾਰ (98158-55698)।

**<u>ਹਕਮ:</u>**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-08-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਧੂਰੀ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸਾਲ 2015 ਤੋਂ ਬਾਅਦ ਸਾਬਕਾ ਮੁੱਖ ਮੰਤਰੀ ਪੰਜਾਬ ਜੀ ਵੱਲੋਂ ਬਲਾਕ ਧੂਰੀ ਦੀਆਂ ਗਰਾਮ ਪੰਚਾਇਤਾਂ ਨੂੰ ਸੰਗਤ ਦਰਸ਼ਨ ਦੌਰਾਨ ਜਾਰੀ ਕੀਤੀਆਂ ਗਈਆਂ ਗਰਾਂਟਾਂ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ।ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਚੰਦਨ ਸਿੰਘ, ਲੇਖਾਕਾਰ ਨੇ ਪੱਤਰ ਨੰ:409, ਮਿਤੀ 29-01-2019 ਪੇਸ਼ ਕਰਦੇ ਕਿਹਾ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ, ਮਿਸਲ ਤੇ ਰੱਖ ਲਿਆ ਗਿਆ ਹੈ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 07-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ <u>**ਅਗਲੀ ਸੁਣਵਾਈ ਮਿਤੀ** 06-03-2019 **ਨੂੰ ਸਵੇਰੇ 11-30 ਵਜੇ** ਲਈ</u> ਨਿਸਚਿਤ ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 30 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਸੰਤੋਸ਼ ਕੁਮਾਰ,
ਪੁੱਤਰ ਸ਼੍ਰੀ ਮਦਨ ਲਾਲ,
ਵਾਸੀ ਵਾਰਡ ਨੰ:2, ਏ/421,
ਓਲਡ ਨਿਊ ਵਾਰਡ ਨੰ:19,
ਜਨਤਾ ਨਗਰ,ਹਾਕਮ ਸੀਟਾਂ ਵਾਲੀ ਗਲੀ,
ਧੂਰੀ, ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਧੂਰੀ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਸੰਗਰੂਰ। ....... ਉੱਤਰਦਾਤਾ

**ਅਪੀਲ ਕੇਸ ਨੰ:4116 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਚੰਦਨ ਸਿੰਘ, ਲੇਖਾਕਾਰ (98158-55698)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-08-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਧੂਰੀ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ 6/2018 ਤੋਂ ਬਾਅਦ ਪੰਚਾਇਤ ਸੰਮਤੀ, ਧੂਰੀ ਦੀ ਹੋਈ ਮੀਟਿੰਗ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ।ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਚੰਦਨ ਸਿੰਘ, ਲੇਖਾਕਾਰ ਨੇ ਪੱਤਰ ਨੰ:412, ਮਿਤੀ 29-01-2019 ਪੇਸ਼ ਕਰਦੇ ਕਿਹਾ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

**3.** ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 07-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 06-03-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 30 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਸੰਤੋਸ਼ ਕੁਮਾਰ,
ਪੁੱਤਰ ਸ਼੍ਰੀ ਮਦਨ ਲਾਲ,
ਵਾਸੀ ਵਾਰਡ ਨੰ:2, ਏ/421,
ਓਲਡ ਨਿਊ ਵਾਰਡ ਨੰ:19,
ਜਨਤਾ ਨਗਰ,ਹਾਕਮ ਸੀਟਾਂ ਵਾਲੀ ਗਲੀ,
ਧੂਰੀ, ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਧੂਰੀ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਸੰਗਰੂਰ। ....... ਉੱਤਰਦਾਤਾ

**ਅਪੀਲ ਕੇਸ ਨੰ:4117 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਚੰਦਨ ਸਿੰਘ, ਲੇਖਾਕਾਰ (98158-55698)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-08-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਧੂਰੀ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸਾਲ 2013 ਤੋ ਬਾਅਦ ਸਰਕਾਰ ਵੱਲੋਂ ਨੋਟੀਫਾਈ ਕੀਤੇ ਸਰਕਲ ਨੂੰ ਤੋੜ ਕੇ ਗਰਾਮ ਪੰਚਾਇਤ ਦਾ ਕੰਮ ਖੇਤਰੀ ਕਰਮਚਾਰੀਆਂ ਨੂੰ ਦੇਣ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ।ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਚੰਦਨ ਸਿੰਘ, ਲੇਖਾਕਾਰ ਨੇ ਪੱਤਰ ਨੰ:406, ਮਿਤੀ 29-01-2019 ਪੇਸ਼ ਕਰਦੇ ਕਿਹਾ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

**3.** ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 07-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 06-03-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 30 ਜਨਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈਂਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਦਿਨੇਸ਼ ਕੁਮਾਰ ਮਲਿਕ,
ਫਲੈਟ ਨੰ:904, 9ਵੀਂ ਮੰਜ਼ਿਲ,
ਗਰੀਨ ਵੈਲੀ ਟਾਵਰਜ਼,
ਗਾਜ਼ੀਪੁਰ, ਜ਼ੀਰਕਪੁਰ,
ਜ਼ਿਲ੍ਹਾ ਮੁਹਾਲੀ। .......ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ, ਜ਼ੀਰਕਪੁਰ,
ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਨਗਰ ਕੌਂਸਿਲ, ਜ਼ੀਰਕਪੁਰ,
ਜ਼ਿਲ੍ਹਾ ਮੁਹਾਲੀ। ....... ਉੱਤਰਦਾਤਾ

**ਅਪੀਲ ਕੇਸ ਨੰ:4118 ਆਫ਼ 2018**

**ਹਾਜ਼ਰ:-**

1) ਸ਼੍ਰੀ ਦਿਨੇਸ਼ ਕੁਮਾਰ ਮਲਿਕ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, ਬਿਲਡਿੰਗ ਇੰਸਪੈਕਟਰ (98149-26881)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-06-2018, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ, ਜ਼ੀਰਕਪੁਰ, ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਮੈਸਰਜ਼ ਸਿਲੀਕੋਨ ਕੰਸਟ੍ਰਕਸ਼ਨਜ਼ ਪ੍ਰਾਈਵੇਟ ਲਿਮਟਿਡ ਨਾਲ ਸਬੰਧਤ07 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ।ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਨਹੀਂ ਮਿਲੀ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਪ੍ਰੀਤ ਸਿੰਘ, ਬਿਲਡਿੰਗ ਇੰਸਪੈਕਟਰ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਪ੍ਰਸ਼ਨਾਵਲੀ ਦੇ ਰੂਪ ਵਿੱਚ ਹੈ ਜ਼ੋ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਮੁਤਾਬਿਕ ਦੇਣੀ ਨਹੀਂ ਬਣਦੀ। ਕਮਿਸ਼ਨ ਉੱਤਰਦਾਤਾ ਦੇ ਉੱਤਰ ਨਾਲ ਸਹਿਮਤ ਹੈ। ਫਿਰ ਵੀ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪ੍ਰਸ਼ਨਵਾਚਕ ਸੂਚਨਾ ਨੂੰ ਛੱਡ ਕੇ ਬਾਕੀ ਦੀ ਸੂਚਨਾ ਨਿਯਮਾਂ ਤਹਿਤ ਬਣਦੀ ਫੀਸ ਲੈ ਕੇ ਅਪੀਲਕਰਤਾ ਨੂੰ ਦੇ ਦਿੱਤੀ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਉੱਤਰਦਾਤਾ ਦੇ ਦਫ਼ਤਰ ਜਾ ਕੇ ਬਣਦੀ ਫੀਸ ਜਮ੍ਹਾਂ ਕਰਵਾ ਕੇ ਸੂਚਨਾ ਪ੍ਰਾਪਤ ਕਰ ਲਵੇ। ਇਸੇ ਅਨੁਸਾਰ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 30 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਜਗਜੀਤ ਸਿੰਘ, (94655-18179)
ਪੁੱਤਰ ਸ਼੍ਰੀ ਹਰਦਿਆਲ ਸਿੰਘ,
ਪਿੰਡ ਮਰਹਾਣਾ,
ਤਹਿਸੀਲ ਤੇ ਜ਼ਿਲਾ ਤਰਨ ਤਾਰਨ। .......ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਤਰਨ ਤਾਰਨ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਵਧੀਕ ਡਿਪਟੀ ਕਮਿਸ਼ਨਰ (ਵਿਕਾਸ),
ਤਰਨ ਤਾਰਨ। ....... ਉੱਤਰਦਾਤਾ

**ਅਪੀਲ ਕੇਸ ਨੰ:4124 ਆਫ਼ 2018**

**ਹਾਜ਼ਰ:-**

1) ਸ਼੍ਰੀ ਜਗਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰੌਬਿਨ ਸਿੰਘ, ਪੰਚਾਇਤ ਸਕੱਤਰ (98144-43743)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-05-2018, ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਤਰਨ ਤਾਰਨ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਰਕਬਾ ਪਿੰਡ ਮਰਹਾਣਾ, ਤਹਿਸੀਲ ਤੇ ਜ਼ਿਲਾ ਤਰਨ ਤਾਰਨ ਦੇ ਛੱਪੜ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ।ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰੌਬਿਨ ਸਿੰਘ, ਪੰਚਾਇਤ ਸਕੱਤਰ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਮਿਤੀ 09-11-2018 ਨੂੰ ਰਜਿਸਟਰਡ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਇਸ ਸਬੰਧੀ ਉਸ ਵੱਲੋਂ ਰਜਿਸਟਰੀ ਦੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ ਜੋ ਕਿ ਮਿਸਲ ਤੇ ਰੱਖ ਲਈ ਗਈ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਨਹੀਂ ਮਿਲੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ੀ ਦੌਰਾਨ ਸੂਚਨਾ ਦੀ ਕਾਪੀ ਫਿਰ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਗਈ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 30 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਸੁਰਿੰਦਰ ਸਿੰਘ,
ਪੁੱਤਰ ਸ਼੍ਰੀ ਬਖਸ਼ੀਸ਼ ਸਿੰਘ,
ਪਿੰਡ ਤੇ ਡਾਕਖਾਨਾ ਜੰਡੋਲੀ,
ਜ਼ਿਲ੍ਹਾ ਹੁਸ਼ਿਆਰਪੁਰ। ......ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਮਾਹਿਲਪੁਰ, ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਵਿੱਤੀ ਕਮਿਸ਼ਨਰ ਪੇਂਡੂ ਵਿਕਾਸ ਤੇ
ਪੰਚਾਇਤ ਵਿਭਾਗ, ਪੰਜਾਬ,
ਵਿਕਾਸ ਭਵਨ, ਸੈਕਟਰ-62,
ਮੁਹਾਲੀ। ....... ਉੱਤਰਦਾਤਾ

**ਅਪੀਲ ਕੇਸ ਨੰ:4131 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਤਰਸੇਮ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫਸਰ (98721-51254)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-07-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਹਿਲਪੁਰ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਰਾਮ ਲਾਲ, ਸਾਬਕਾ ਸਰਪੰਚ, ਜੰਡੋਲੀ ਕੋਲੋਂ ਵਸੂਲ ਕੀਤੀ ਜਾਣ ਵਾਲੀ 31899/-ਰੁਪਏ ਦੀ ਰਕਮ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ।ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਤਰਸੇਮ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਸ ਨੂੰ ਦਸਤੀ ਦਿੱਤੀ ਜਾ ਚੁੱਕੀ ਹੈ। ਇਸ ਸਬੰਧੀ ਉਸ ਵੱਲੋਂ ਅਪੀਲਕਰਤਾ ਕੋਲੋਂ ਪ੍ਰਾਪਤ ਕੀਤੀ ਗਈ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ ਜੋ ਕਿ ਮਿਸਲ ਤੇ ਰੱਖ ਲਈ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਦੇ ਹਸਤਾਖਰਾਂ ਨੂੰ ਤਸਦੀਕ ਵੀ ਕਰ ਦਿੱਤਾ ਗਿਆ ਹੈ। ਅਪੀਲਕਰਤਾ ਵੱਲੋ ਲਿਖਤੀ ਰੂਪ ਵਿੱਚ ਕਿਹਾ ਗਿਆ ਹੈ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਅਤੇ ਕੇਸ ਬੰਦ ਕਰਨ ਲਈ ਬੇਨਤੀ ਕੀਤੀ ਗਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 30 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**